ਪੰਜਾਬ ਵਿਧਾਨ ਸਭਾ ਸਕੱਤਰੇਤ

ਸ਼ੁੱਕਰਵਾਰ, ਮਿਤੀ 15 ਫਰਵਰੀ, 2019 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ।

**ਨਸ਼ੇ ਵੇਚਣ ਵਾਲਿਆਂ/ਸਮੱਗਲਰਾਂ ਵਿਰੁੱਧ ਦਰਜ ਕੀਤੇ ਗਏ ਕੇਸਾਂ ਦੀ ਗਿਣਤੀ**

**239. ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਐਮ.ਐਲ.ਏ.**:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

ੳ) ਪਿਛਲੇ ਪੰਜ ਸਾਲਾਂ ਵਿੱਚ ਵੱਖ-ਵੱਖ ਨਸ਼ੇ ਵੇਚਣ ਵਾਲਿਆਂ/ਸਮੱਗਲਰਾਂ ਵਿਰੁੱਧ ਦਰਜ ਕੀਤੇ ਗਏ ਪ੍ਰਤੀ ਸਾਲ ਕੇਸਾਂ ਦੀ ਗਿਣਤੀ ਕਿੰਨੀ ਹੈ;

ਅ) ਇਹਨਾਂ ਕੇਸਾਂ ਵਿਚੋਂ ਕਿੰਨੇ ਕੇਸਾਂ ਦੇ ਪ੍ਰਤੀ ਸਾਲ ਕਿੰਨੇ ਚਲਾਨ ਅਦਾਲੱਤਾਂ ਵਿਚੋਂ ਪੇਸ਼ ਹੋ ਚੁੱਕੇ ਹਨ ਅਤੇ ਕਿੰਨੇ ਬਾਕੀ ਹਨ;

ੲ) ਅਦਾਲਤਾਂ ਵਿਚ ਚਲਦੇ ਮੁੱਕਦਮਿਆਂ ਵਿਚੋਂ ਕਿੰਨੇ ਦੋਸ਼ੀਆਂ ਨੂੰ ਸਜਾ ਹੋ ਚੁੱਕੀ ਹੈ ਅਤੇ ਕਿੰਨੇ ਦੋਸ਼ੀ ਬਰੀ ਹੋ ਚੁੱਕੇ ਹਨ?

**ਸ਼ਰਾਬ ਦੀਆਂ ਫੈਕਟਰੀਆਂ ਦੀ ਗਿਣਤੀ**

**240. ਸਰਦਾਰ ਨਾਜ਼ਰ ਸਿੰਘ ਮਾਨਸਾਹੀਆ, ਐਮ.ਐਲ.ਏ**:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) 31 ਮਾਰਚ 2012 ਤੱਕ ਪੰਜਾਬ ਵਿੱਚ ਸ਼ਰਾਬ ਦੀਆਂ ਕਿੰਨੀਆਂ ਫੈਕਟਰੀਆਂ ਚੱਲ ਰਹੀਆਂ ਸਨ ਤੇ ਉਹਨਾਂ ਦੀ ਸ਼ਰਾਬ ਦੀ ਪੈਦਾਵਾਰ ਕਿੰਨੀ ਸੀ;

ਅ) ਮੌਜੂਦਾ ਸਮੇਂ ਸ਼ਰਾਬ ਦੀਆਂ ਕਿੰਨੀਆਂ ਫੈਕਟਰੀਆਂ ਚੱਲ ਰਹੀਆਂ ਹਨ ਅਤੇ ਉਨ੍ਹਾਂ ਦੀ ਸ਼ਰਾਬ ਦੀ ਪੈਦਾਵਾਰ ਕਿੰਨੀ ਹੈ?

**ਪੰਜਾਬ ਵਿਚ ਡੇਂਗੂ ਕੇਸਾਂ ਦੀ ਗਿਣਤੀ**

**241. ਸਰਦਾਰ ਨਾਜ਼ਰ ਸਿੰਘ ਮਾਨਸਾਹੀਆ, ਐਮ.ਐਲ.ਏ**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿੱਚ ਸਾਲ 2017 ਅਤੇ ਸਾਲ 2018 ਵਿੱਚ ਡੇਂਗੂ ਦੇ ਕੁੱਲ ਕਿੰਨੇ ਕੇਸ ਪਾਏ ਗਏ;

ਅ) ਮੱਛਰ ਮਾਰਨ/ ਸਪਰੇਅ ਕਰਨ ਵਾਸਤੇ ਪੰਜਾਬ ਵਿੱਚ ਕੁੱਲ ਕਿੰਨੀਆਂ ਫੋਗਿੰਗ ਮਸ਼ੀਨਾਂ ਹਨ;

ੲ) ਸਪਰੇਅ ਕਰਨ ਵਾਲੀ ਦਵਾਈ ਉਪਰ ਪੰਜਾਬ ਵਿੱਚ ਕੁੱਲ ਕਿੰਨਾ ਖਰਚ ਕੀਤਾ ਗਿਆ;

ਸ) ਮਾਨਸਾ ਸ਼ਹਿਰ ਵਿੱਚ ਡੇਂਗੂ ਰੋਕਣ ਲਈ ਫੋਗਿੰਗ ਉੱਪਰ ਕੁੱਲ ਕਿੰਨਾ ਖਰਚ ਕੀਤਾ ਗਿਆ?

**ਆਟਾ ਦਾਲ ਸਕੀਮ ਦੇ ਲਾਭਪਾਤਰੀ**

**242. ਸਰਦਾਰ ਨਾਜ਼ਰ ਸਿੰਘ ਮਾਨਸਾਹੀਆ, ਐਮ.ਐਲ.ਏ**:- ਕੀ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਪੰਜਾਬ ਦੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਅਯੋਗ ਲਾਭਪਾਤਰੀਆਂ ਨੂੰ ਆਟਾ ਦਾਲ ਸਕੀਮ ਦਾ ਫਾਇਦਾ ਦਿੱਤਾ ਜਾ ਰਿਹਾ ਹੈ;

ਅ) ਕੀ ਸਰਕਾਰ ਦੀ ਨੀਤੀ ਮੁਤਾਬਿਕ ਲਾਭਪਾਤਰੀ ਦੀ ਗਿਣਤੀ ਅਤੇ ਕੋਈ ਸੀਮਾਂ ਨਿਰਧਾਰਿਤ ਕੀਤੀ ਹੈ ਜਾਂ ਜਿਹੜਾ ਵੀ ਆਟਾ ਦਾਲ ਦੇ ਯੋਗ ਹੈ, ਉਸ ਹਰ ਵਿਅਕਤੀ ਨੂੰ ਦਿੱਤੀ ਜਾਂਦੀ ਹੈ;

ੲ) ਕੀ ਇਸ ਸਕੀਮ ਅਧੀਨ ਦਰਜ ਕੀਤੇ ਗਏ ਲਾਭਪਾਤਰੀਆਂ ਦੀ ਚੈਕਿੰਗ ਦੌਰਾਨ ਕੋਈ ਲਾਭਪਾਤਰੀ ਅਯੋਗ ਪਾਏ ਗਏ; ਜੇਕਰ ਹਾਂ ਤਾਂ ਉਨ੍ਹਾਂ ਦੇ ਲਾਭਪਾਤਰੀ ਕਾਰਡ ਬਨਾਉਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਉੱਪਰ ਕੀ ਕਾਰਵਾਈ ਕੀਤੀ ਗਈ?

ਮੀਰਥਲ ਨਾਲੂੰਗਾ ਪੁੱਲ ਲਈ ਬਜਟ ਮੁਹਈਆ ਕਰਵਾਉਣਾ

**254. ਸ਼੍ਰੀ ਅਮਿਤ ਵਿੱਜ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਮੀਰਥਲ ਨਾਲੂੰਗਾ ਪੁੱਲ ਲਈ ਪਿੱਛਲੇ ਬਜਟ ਵਿੱਚ ਉਪਬੰਧ ਕੀਤਾ ਗਿਆ 23 ਕਰੋੜ ਰੁਪਏ ਦਾ ਬਜਟ ਕਦੋਂ ਤੱਕ ਮੁਹੱਈਆ ਕਰਵਾ ਦਿੱਤਾ ਜਾਵੇਗਾ?

ਤਲਵਾੜਾ ਜੱਟਾਂ ਪੁੱਲ ਲਈ ਰਹਿੰਦਾ ਬਜਟ ਮੁਹੱਈਆ ਕਰਵਾਉਣਾ

**255. ਸ਼੍ਰੀ ਅਮਿਤ ਵਿੱਜ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਤਲਵਾੜਾ ਜੱਟਾਂ ਹਾਈ ਲੈਵਲ ਪੁੱਲ ਲਈ ਬਾਕੀ ਰਹਿੰਦੇ ਤਕਰੀਬਨ 3.5 ਕਰੋੜ ਰੁਪਏ ਦਾ ਬਜਟ ਕਦੋਂ ਤੱਕ ਦੇ ਦਿੱਤਾ ਜਾਵੇਗਾ, ਜਿਸ ਲਈ ਪਿਛਲੇ ਬਜਟ ਸਮਾਗਮ ਵਿਚ 22 ਕਰੋੜ ਰੁਪਏ ਮੁਹੱਈਆ ਕਰਵਾ ਦਿੱਤੇ ਗਏ ਸਨ?

ਪਰਤੋਂ ਜੀ...

**ਬੀ.ਪੀ.ਈ.ਓ-1 ਨੂੰ ਵਾਪਸ ਪਠਾਨਕੋਟ ਸ਼ਿਫਟ ਕਰਨਾ**

**257. ਸ਼੍ਰੀ ਅਮਿਤ ਵਿੱਜ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਬਲਾਕ ਪ੍ਰਾਇਮਰੀ ਸਿੱਖਿਆ ਦਫਤਰ-1 ਨੂੰ ਪਠਾਨਕੋਟ ਵਾਪਸ ਕਦੋਂ ਤੱਕ ਬਦਲ ਦਿੱਤਾ ਜਾਵੇਗਾ ਕਿਉਂਕਿ ਵਿਧਾਨ ਸਭਾ ਹਲਕਾ ਪਠਾਨਕੋਟ ਦੇ ਅਧੀਨ ਜਿਆਦਾਤਰ ਸ਼ਹਿਰੀ ਸਕੂਲ ਆਉਂਦੇ ਹਨ?

**ਸ.ਪ.ਸ ਐਮ.ਸੀ. ਬਜਾਰ ਐਸ.ਐਮ.ਐਸ. ਸੀਨੀਅਰ ਸਕੂਲ ਵਿੱਚ ਸ਼ਿਫਟ ਕਰਨਾ**

**258. ਸ਼੍ਰੀ ਅਮਿਤ ਵਿੱਜ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਠਾਨਕੋਟ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਐਮ.ਸੀ. ਬਜਾਰ ਦੇ ਨੇੜੇ ਗੰਦੇ ਨਾਲੇ ਦੇ ਵਗਣ ਕਾਰਨ ਇਸ ਵਿਚ ਪੜ੍ਹ ਰਹੇ 30 ਵਿਦਿਆਰਥੀਆਂ ਦੀ ਸਿਹਤ ਦੇ ਮੱਦੇਨਜ਼ਰ ਇਸ ਨੂੰ ਐਸ.ਐਮ.ਐਸ. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ ਕਦੋਂ ਤੱਕ ਸ਼ਿਫਟ ਕਰ ਦਿੱਤਾ ਜਾਵੇਗਾ?

**ਹਲਕਾ ਬੰਗਾ ਦੇ ਪਿੰਡਾਂ ਵਿਚ ਵਾਟਰ ਵਰਕਸ ਮੁਹੱਈਆ ਕਰਵਾਉਣਾ**

**262. ਡਾ ਸੁਖਵਿੰਦਰ ਕੁਮਾਰ, ਐਮ.ਐਲ.ਏ:-** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਬੰਗਾ ਦੇ ਜਿਹੜੇ ਪਿੰਡਾਂ ਵਿੱਚ ਸਰਕਾਰ ਵੱਲੋਂ ਅਜੇ ਤੱਕ ਲੋਕਾਂ ਨੂੰ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਵਰਕਸ ਨਹੀਂ ਲਗਾਏ ਗਏ, ਉਨ੍ਹਾਂ ਪਿੰਡਾਂ ਵਿਚ ਸਰਕਾਰ ਕਦੋਂ ਤੱਕ ਵਾਟਰ ਵਰਕਸ ਲਗਾ ਕੇ ਲੋਕਾਂ ਨੂੰ ਪੀਣ ਵਾਲਾ ਪਾਣੀ ਮੁਹੱਈਆ ਕਰਵਾ ਦੇਵੇਗੀ?

**ਸਾਇੰਸ ਵਿਸ਼ੇ ਦੇ ਅਧਿਆਪਕ ਮੁਹੱਈਆ ਕਰਵਾਉਣਾ**

**264. ਡਾ ਸੁਖਵਿੰਦਰ ਕੁਮਾਰ, ਐਮ.ਐਲ.ਏ:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਬੰਗਾ ਦੇ ਕਿੰਨੇ ਸਰਕਾਰੀ ਸਕੂਲਾਂ ਵਿਚ ਸਾਇੰਸ ਵਿਸ਼ੇ ਦੇ ਅਧਿਆਪਕ ਨਹੀਂ ਹਨ ਅਤੇ ਉਨ੍ਹਾਂ ਸਕੂਲਾਂ ਵਿੱਚ ਸਾਇੰਸ ਵਿਸ਼ੇ ਦੇ ਅਧਿਆਪਕ ਕਦੋਂ ਤੱਕ ਮੁਹੱਈਆ ਕਰਵਾ ਦਿੱਤੇ ਜਾਣਗੇ?

**ਹਲਕਾ ਬੰਗਾ ਵਿਚ ਆਦਰਸ਼ ਸਕੂਲਾਂ ਦੇ ਵੇਰਵੇ**

**266. ਡਾ ਸੁਖਵਿੰਦਰ ਕੁਮਾਰ, ਐਮ.ਐਲ.ਏ:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਵਿਧਾਨ ਸਭਾ ਹਲਕਾ ਬੰਗਾ ਵਿੱਚ ਕਿੰਨੇ ਆਦਰਸ਼ ਸਕੂਲ ਹਨ, ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਗਿਣਤੀ ਕਿੰਨੀ-ਕਿੰਨੀ ਹੈ ਅਤੇ ਇਨਾਂ ਸਕੂਲਾਂ ਦੇ ਅਧਿਆਪਕਾਂ ਨੂੰ ਤਨਖ਼ਾਹ ਕਿਸ ਹੈੱਡ ਵਿੱਚੋਂ ਦਿੱਤੀ ਜਾਂਦੀ ਹੈ, ਵੇਰਵੇ ਸਹਿਤ ਦੱਸਿਆ ਜਾਵੇ?

**ਘੱਗਰ ਦਰਿਆ ਦੇ ਪਾਣੀ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣਾ**

**273. ਸਰਦਾਰ ਦਿਲਰਾਜ ਸਿੰਘ ਭੂੰਦੜ, ਐਮ.ਐਲ.ਏ:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਘੱਗਰ ਦਰਿਆ ਜੋ ਹਰਿਆਣਾ ਏਰੀਏ ਵਿੱਚੋਂ ਲੰਘ ਕੇ ਦੁਬਾਰਾ ਪੰਜਾਬ ਦੇ ਜ਼ਿਲ੍ਹਾ ਮਾਨਸਾ, ਬਠਿੰਡਾ, ਸੰਗਰੂਰ ਅਤੇ ਪਟਿਆਲਾ ਵਿਚ ਆਉਂਦਾ ਹੈ, ਦੇ ਪਾਣੀ ਵਿਚ ਫੈਕਟਰੀਆਂ ਦਾ ਕੈਮੀਕਲ ਵਾਲਾ ਪਾਣੀ ਮਿਲ ਜਾਣ ਕਾਰਨ ਰਾਜ ਦੇ ਮਾਲਵਾ ਏਰੀਏ ਦਾ ਧਰਤੀ ਹੇਠਲਾ ਪਾਣੀ ਵੀ ਪ੍ਰਦੂਸ਼ਿਤ ਹੋ ਗਿਆ ਹੈ ਜਿਸ ਕਾਰਨ ਲੋਕਾਂ ਦੀ ਸਿਹਤ ਖ਼ਰਾਬ ਹੋ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਘੱਗਰ ਦਰਿਆ ਦੇ ਪਾਣੀ ਨੂੰ ਪ੍ਰਦੂਸ਼ਣ ਰਹਿਤ ਕਰਨ ਲਈ ਸਰਕਾਰ ਵੱਲੋਂ ਕੀ ਕਾਰਵਾਈ ਕੀਤੀ ਜਾ ਰਹੀ ਹੈ, ਵੇਰਵੇ ਸਹਿਤ ਦੱਸਿਆ ਜਾਵੇ?

**ਨਗਰ ਕੌਂਸਲ ਸਰਦੂਲਗੜ੍ਹ ਵਿਚ ਦੁਕਾਨਦਾਰਾਂ ਨੂੰ ਦੁਕਾਨਾਂ ਦੇ ਮਾਲਕਾਨਾਂ ਹੱਕ ਦੇਣਾ**

**276. ਸਰਦਾਰ ਦਿਲਰਾਜ ਸਿੰਘ ਭੂੰਦੜ, ਐਮ.ਐਲ.ਏ:-** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਦੀ ਪਾਲਿਸੀ ਤਹਿਤ ਨਗਰ ਕੌਂਸਲ, ਸਰਦੂਲਗੜ੍ਹ ਦੀਆਂ ਦੁਕਾਨਾਂ ਵਿਚ ਲੰਮੇ ਸਮੇਂ ਤੋਂ ਆਪਣਾ ਕਾਰੋਬਾਰ ਕਰਨ ਵਾਲੇ ਉਨ੍ਹਾਂ ਦੁਕਾਨਦਾਨਾਂ ਨੂੰ ਜਿਹਨਾਂ ਨੇ ਦੁਕਾਨਾਂ ਦਾ ਮਾਲਕਾਨਾਂ ਹੱਕ ਲੈਣ ਲਈ ਵਿਭਾਗ ਵੱਲੋਂ ਨਿਰਧਾਰਤ ਫ਼ੀਸ ਜਮ੍ਹਾਂ ਕਰਵਾ ਦਿੱਤੀ ਹੋਈ ਹੈ, ਨੂੰ ਦੁਕਾਨਾਂ ਦੇ ਮਾਲਕਾਨਾ ਹੱਕ ਅਜੇ ਤੱਕ ਨਹੀਂ ਦਿੱਤੇ ਗਏ, ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਇਨ੍ਹਾਂ ਨੂੰ ਦੁਕਾਨਾਂ ਦੇ ਮਾਲਕਾਨਾਂ ਹੱਕ ਕਦੋਂ ਤੱਕ ਦੇ ਦਿੱਤੇ ਜਾਣਗੇ?

ਚੰਡੀਗੜ੍ਹ
ਮਿਤੀ 13 ਫਰਵਰੀ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।

ਸੁਪਰਡੰਟ
ਪੰਜਾਬ ਵਿਧਾਨ ਸਭਾ
ਚੰਡੀਗੜ੍ਹ